(10)

ਨੰ:11/43/2004-2ਸਿ:3/13514

CBSE file
Bhai Desa

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਅਕਾਲ ਅਕੈਡਮੀ, ਭਾਈ ਦੇਸਾ
(ਮਾਨਸਾ)।

ਮਿਤੀ, ਚੰਡੀਗੜ੍ਹ: 30.6.2004

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜ਼ਾਰੀ ਕਰਨ ਬਾਬਤ।

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ......ਮਾਨਸਾ...... ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੇਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆਂ ਜਾਵੇਗਾ।

ਚਲਦਾ ਪੰਨਾ/2

Manager
AKAL ACADEMY,
BHAI DESA (MANSA)

Principal
AKAL ACADEMY,
BHAI DESA (MANSA)
Affi. to C.B.S.E. Vide No.1630341

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ

ਪਿੱਠ ਅੰਕਣ ਨੰ: 11/43/2004-2ਸਿ:3/ ਮਿਤੀ, ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਮੀਮੋ ਨੰ:15/31-04-ਗ੍ਰ-1(4), ਮਿਤੀ 29.6.2004 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ

*****

Manager
AKAL ACADEMY,
BHAI DESA (MANSA)

Principal
AKAL ACADEMY,
BHAI DESA (MANSA)
Affi. to C.B.S.E. Vide No.1630341

No11/43/2004-2S 13514

Govt. of Punjab

Department of Education

(Education-3 Branch)

To

Principal,

Akal Academy, Bhai Desa

(Mansa)

Dated, Chandigarh: 30.6.2004

NOTARY SURESH KUMAR ADVOCATE Regd. No. 9750 TALWANDI SABO GOVT. OF INDIA

Sub: CBSE Regarding issue of No Objection Certificate for Affiliation with New Delhi.

Sir,

Your letter no is Nil and Dated is Nil on the above subject

2. After considering the recommendations of the District Education Officer and BPI, Private Aid(s) along with the minor statements submitted by the management of their school, the No Objection Certificate required by the Punjab Government is issued under the following seals.

1. In case of any complaint inspection in future, if it 3. It is revealed that the application has been given to the government on the basis of wrong information while obtaining the No Objection Certificate or the instructions issued by the Punjab Government from time to time have not been followed and thus the written statements given in the affidavit have not been accepted. continues, then in such a situation this no objection certificate can be withdrawn at any time.
2. Teaching Punjabi in your school will be applicable up to ten levels. CBSE will enforce Punjabi examination in such schools and it is also said that the no objection certificate will be withdrawn in case of non-compliance.
3. CBSE After getting the affiliation of the school, the management of the school will be committed to pay the salary of the government employees and other dogs etc. to the school teaching staff and non-teaching staff. Failure to do so will result in immediate withdrawal of the No Objection Certificate.

Manager
AKAL ACADEMY,
BHAI DESA (MANSA)

Principal
AKAL ACADEMY,
BHAI DESA (MANSA)
Affi. to C.B.S.E. Vide No. 1630341

4. You yourself and your management will also ensure that whenever any information is requested by the District Education Officer of your district or any senior officials of the Education Department, the drug information will be made available to him and the necessary information will also be provided. will go

Principal Secretary, School Education

NOTARY SURESH KUMAR ADVOCATE Regd. No. 9750 TALWANDI SABO GOVT. OF INDIA

Back no: 11/43/2004-2S: 3/ Dated, Chandigarh

5. DIRECTOR, DEPARTMENT OF EDUCATION, PRIVATE ADD(1), PUNJAB, CHANDIGARH FUN CMO no.15/31-04-G-1(4) Daed 29.6.2004) It is requested by reference that the above school every five years At least once an inspection should be conducted in all cases and an inspection report should be sent to the Government so that it is ascertained whether the school concerned is following the rules issued by the Government of Punjab.

Chief Secretary School Education

ATTESTED

SURESH KUMAR
Advocate & Notary
(Appointed by Govt. of India)
TALWANDI SABO
25 AUG 2023

Manager
AKAL ACADEMY,
BHAI DESA (MANSA)

Principal
AKAL ACADEMY,
BHAI DESA (MANSA)
Affi. to C.B.S.E. Vide No. 1630341